ਸੱਚ ਸਭ ਤੋਂ ਪਹਿਲਾਂ
ਪ੍ਰਾਈਮ ਉਦੇ
e-mail: primeudaynews@gmail.com
Prime Uday
RNI NO.PUNBIL/2019/78306

# ਜਗਤ ਪੰਜਾਬੀ ਸਭਾ ਕਨੇਡਾ ਵੱਲੋਂ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਦੇ ਸਹਿਯੋਗ ਨਾਲ ਇੱਕ ਰੋਜ਼ਾ ਅੰਤਰਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ

ਪ੍ਰਾਈਮ ਉਦੇ




ਖਡੂਰ ਸਾਹਿਬ 19 ਫਰਵਰੀ ( ਜੀ ਖਾਲਸਾ, ਗਿੱਲ ) ਬਾਬਾ ਉੱਤਮ ਸਿੰਘ ਜੀ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ 'ਜਗਤ ਪੰਜਾਬੀ ਸਭਾ ਕਨੇਡਾ' ਵੱਲੋਂ ਪੰਜਾਬੀ ਭਾਸ਼ਾ:ਸਮਕਾਲੀ ਚੁਣੌਤੀਆਂ ਤੇ ਸੰਭਾਵਨਾਵਾਂ ਵਿਸ਼ੇ ਉੱਪਰ ਇੱਕ ਰੋਜ਼ਾ ਅੰਤਰਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਸੈਮੀਨਾਰ ਦਾ ਸ਼ੁਰੂਆਤ ਸ਼ਬਦ ਗਾਇਨ ਦੁਆਰਾ ਕੀਤੀ ਗਈ। ਕਾਲਜ ਪ੍ਰਿੰਸੀਪਲ ਡਾ.ਬਲਵੰਤ ਸਿੰਘ ਸੰਧੂ ਨੇ ਆਏ ਹੋਏ ਮੁੱਖ ਮਹਿਮਾਨ,ਸਮੁੱਚੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਜਗਤ ਪੰਜਾਬੀ ਸਭਾ ਦੇ ਸਮੁੱਚੇ ਮੈਂਬਰ ਸਾਹਿਬਾਨ ਨੂੰ ਜੀ ਆਇਆ ਆਖਿਆ ਅਤੇ ਕਿਹਾ ਕਿ ਵਿਸ਼ਵੀਕਰਨ ਦੇ ਦੌਰ ਅੰਦਰ ਪੰਜਾਬੀ ਭਾਸ਼ਾ ਦੇ ਪ੍ਰਤੀ ਕੁੱਝ ਨਕਾਰਾਤਮਕ ਰਵੱਈਆ ਅਪਣਾਇਆ ਜਾ ਰਿਹਾ ਪਰ ਕੋਈ ਵੀ ਭਾਸ਼ਾ ਆਪਣੇ ਇਤਿਹਾਸਕ ਕਾਰਨਾਂ ਕਰਕੇ ਜਿੰਦਾ ਹੁੰਦੀ ਹੈ। ਇਸ ਲਈ ਇਸ ਸੈਮੀਨਾਰ ਦੁਆਰਾ ਪੰਜਾਬੀ ਭਾਸ਼ਾ ਦੀ ਸਦਾ ਚੜ੍ਹਦੀ ਕਲਾ ਵਿੱਚ ਰਹਿਣ ਦੀ ਆਸ ਪ੍ਰਗਟਾਈ ਜਾ ਸਕਦੀ ਹੈ।ਇਸ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਸ.ਹਰਜਿੰਦਰ ਸਿੰਘ ਧਾਮੀ(ਪ੍ਰਧਾਨ ਸ਼ ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਭਾਸ਼ਣ ਵਿੱਚ ਕਿਹਾ ਕਿ ਪੰਜਾਬੀ ਭਾਸ਼ਾ ਦੀ ਬਿਹਤਰੀ ਲਈ ਸਾਨੂੰ ਸਭ ਨੂੰ ਰਲ ਮਿਲ ਕੇ ਸਾਂਝੇ ਰੂਪ ਵਿੱਚ ਯਤਨ ਕਰਨੇ ਚਾਹੀਦੇ ਹਨ। ਸਾਨੂੰ ਆਪਣੀ ਨੌਜਵਾਨ ਪੀੜ੍ਹੀ ਨੂੰ ਗੁਰਮੁਖੀ ਭਾਸ਼ਾ ਦੀ ਮਹੱਤਤਾ ਦੱਸਦੇ ਹੋਏ ਸਿੱਖ ਇਤਿਹਾਸ ਨਾਲ ਜੋੜਨਾ ਚਾਹੀਦਾ ਹੈ ਤਾਂ ਹੀ ਪੰਜਾਬੀ ਭਾਸ਼ਾ ਨੂੰ ਭਵਿੱਖਤ ਚੁਣੌਤੀਆਂ ਤੋਂ ਬਚਾਇਆ ਜਾ ਸਕਦਾ ਹੈ। ਇਸ ਸੈਮੀਨਾਰ ਦੇ ਦੋ ਅਕਾਦਮਿਕ ਸੈਸ਼ਨ ਰੱਖੇ ਗਏ। ਜਿਸ ਦੇ ਪਹਿਲੇ ਸੈਸ਼ਨ ਵਿੱਚ ਡਾ.ਨਰਿੰਦਰਜੀਤ ਕੌਰ, ਪ੍ਰਿੰਸੀਪਲ ਹਰਕੀਰਤ ਕੌਰ, ਪ੍ਰੋ.ਬਲਵਿੰਦਰ ਕੌਰ,ਡਾ.ਸੁਮਨ ਡਡਵਾਲ,ਗੀਟਾ ਜੋਸ਼ਨ, ਵਰਿੰਦਰ ਕੌਰ ਰੰਧਾਵਾ (ਯੂ.ਐੱਸ.ਏ) ਡਾ.ਮਨਿੰਦਰਜੀਤ ਕੌਰ ਮੁਕੇਰੀਆ ਆਦਿ ਨੇ ਪੰਜਾਬੀ ਭਾਸ਼ਾ ਦੀ ਸਮਕਾਲੀ ਸਥਿਤੀ ਅਤੇ ਭਵਿੱਖ ਵਿੱਚ ਆਉਂਣ ਵਾਲੀਆਂ ਮੁਸ਼ਕਿਲਾਂ ਦੇ ਪ੍ਰਤੀ ਗੰਭੀਰ ਨੁਕਤਿਆਂ ਨੂੰ ਆਪਣੇ ਖੋਜ-ਪੱਤਰਾਂ ਦੇ ਰਾਹੀ ਸਾਂਝਾ ਕੀਤਾ। ਇਸ ਸੈਸ਼ਨ ਵਿੱਚ ਸਟੇਜ ਸਕੱਤਰ ਦੀ ਭੂਮਿਕਾ ਡਾ.ਸੰਤੋਖ ਸਿੰਘ ਸੰਧੂ ਨੇ ਨਿਭਾਈ। ਇਸੇ ਤਰ੍ਹਾਂ ਦੂਸਰੇ ਸੈਸ਼ਨ ਵਿੱਚ ਡਾ.ਮਨਪ੍ਰੀਤ ਕੌਰ, ਸ.ਕੁਲਵਿੰਦਰ ਸਿੰਘ ਧਿਆੜਾ, ਡਾ.ਗੁਰਪ੍ਰੀਤ ਕੌਰ, ਡਾ.ਗੁਰਵਿੰਦਰ ਸਿੰਘ, ਡਾ.ਪਰਮਜੀਤ ਸਿੰਘ, ਡਾ.ਸਤਿੰਦਰ ਕੌਰ, ਪ੍ਰੋ. ਗਗਨਦੀਪ ਕੌਰ ਆਦਿ ਨੇ ਵਿਸ਼ਵੀਕਰਨ ਦੇ ਸੰਦਰਭ ਵਿੱਚ ਪੰਜਾਬੀ ਭਾਸ਼ਾ ਨਾਲ ਜੁੜੀਆਂ ਸਮੱਸਿਆਵਾਂ ਅਤੇ ਭਵਿੱਖ ਵਿੱਚ ਇਸ ਦੇ ਸਕਰਾਤਮਕ ਪੱਖਾਂ ਬਾਰੇ ਆਲੋਚਨਾਤਮਕ ਟਿੱਪਣੀਆਂ ਨੂੰ ਪੇਸ਼ ਕੀਤਾ। ਇਸ ਸੈਸ਼ਨ ਵਿੱਚ ਸ.ਸਰਦੂਲ ਸਿੰਘ ਥਿਆੜਾ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਬਾਬਾ ਸੇਵਾ ਸਿੰਘ ਜੀ ਮੁਖੀ ਕਾਰ ਸੇਵਾ ਖਡੂਰ ਸਾਹਿਬ ਵੱਲੋਂ ਸ.ਅਜੈਬ ਸਿੰਘ ਚੱਠਾ, ਚੇਅਰਮੈਨ (ਜਗਤ ਪੰਜਾਬੀ ਸਭਾ), ਸ.ਸਰਦੂਲ ਸਿੰਘ ਥਿਆੜਾ, (ਪ੍ਰਧਾਨ), ਸ.ਸੰਤੋਖ ਸਿੰਘ ਸੰਧੂ (ਸੱਕਤਰ) ਵਰਿੰਦਰ ਕੌਰ ਰੰਧਾਵਾ (ਯੂ.ਐੱਸ.ਏ) ਪ੍ਰਿੰਸੀਪਲ ਹਰਕੀਤ ਕੌਰ ਆਦਿ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਦੋਵੇਂ ਅਕਾਦਮਿਕ ਸੈਸ਼ਨਾਂ ਵਿੱਚ ਖੋਜ-ਪੱਤਰ ਪੇਸ਼ ਕਰਨ ਵਾਲੇ ਬੁਲਾਰਿਆਂ ਦਾ ਵੀ ਸਨਮਾਨ ਕੀਤਾ ਗਿਆ।ਇਸ ਮੌਕੇ ਬਾਬਾ ਗੁਰਪ੍ਰੀਤ ਸਿੰਘ ਜੀ (ਵਾਇਸ ਪ੍ਰੈਜੀਡੈਂਟ) ਸ.ਹਰਨੰਦਨ ਸਿੰਘ ਜੀ (ਜਨਰਲ ਸਕੱਤਰ) ਬਾਬਾ ਬਲਦੇਵ ਸਿੰਘ ਜੀ, ਪ੍ਰਿੰਸੀਪਲ ਭਾਈ ਵਰਿਆਮ ਸਿੰਘ ਜੀ, ਪ੍ਰਿੰਸੀਪਲ ਸਿਮਰਪ੍ਰੀਤ ਕੌਰ, ਕਮੇਟੀ ਮੈਂਬਰ ਸਾਹਿਬਾਨ, ਡਾ. ਕੰਵਲਜੀਤ ਸਿੰਘ, ਪ੍ਰੋ.ਮੇਜਰ ਸਿੰਘ, ਡਾ.ਜਤਿੰਦਰ ਕੌਰ, ਪ੍ਰੋ.ਮਨਪ੍ਰੀਤ ਕੌਰ, ਡਾ.ਸੁਖਬੀਰ ਕੌਰ, ਹੋਰ ਪ੍ਰੋਫੈਸਰ ਸਾਹਿਬਾਨ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ 48ਵਾਂ ਖੇਡ ਮੇਲਾ ਆਯੋਜਿਤ ਕੀਤਾ ਗਿਆ






**ਖਡੂਰ ਸਾਹਿਬ 8 ਮਾਰਚ (ਜੀ ਖਾਲਸਾ, ਗਿੱਲ)**

ਬਾਬਾ ਉੱਤਮ ਸਿੰਘ ਜੀ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਸ੍ਰੀ ਗੁਰੂ ਅੰਗਦ ਦੇਵ ਕਾਲਜ,ਖਡੂਰ ਸਾਹਿਬ ਵਿਖੇ 48 ਵਾਂ ਖੇਡ ਮੇਲਾ ਆਯੋਜਿਤ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਹਾਕੀ ਦੇ ਅੰਤਰਰਾਸ਼ਟਰੀ ਖਿਡਾਰੀ ਸ. ਲਖਵਿੰਦਰ ਸਿੰਘ ਯੂ. ਕੇ ਵਾਸੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦਾ ਸ਼ੁਰੂ ਆਰੰਭ ਸ਼ਬਦ ਗਾਇਨ ਦੁਆਰਾ ਕੀਤਾ ਗਿਆ। ਮੁੱਖ ਮਹਿਮਾਨ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਦੇ ਹੋਏ ਕਾਲਜ ਦੇ ਐਥਲੀਟ ਵਿਦਿਆਰਥੀਆਂ ਕੋਲੋਂ ਮਾਰਚ ਪਾਸ ਦੌਰਾਨ ਸਲਾਮੀ ਵੀ ਲਈ। ਕਾਲਜ ਪ੍ਰਿੰਸੀਪਲ ਡਾ.ਬਲਵੰਤ ਸਿੰਘ ਸੰਧੂ ਨੇ ਰਸਮੀ ਤੌਰ 'ਤੇ ਮੁੱਖ ਮਹਿਮਾਨ ਨੂੰ 'ਜੀ ਆਇਆਂ' ਆਖਦੇ ਹੋਏ ਖੇਡਾਂ ਦੇ ਖੇਤਰ ਵਿੱਚ ਸੰਸਥਾ ਦੀਆਂ ਉੱਚੀਆਂ ਪ੍ਰਾਪਤੀਆਂ ਦੀ ਚਰਚਾ ਕੀਤੀ ਅਤੇ ਦੱਸਿਆ ਕਿ ਵਿੱਦਿਆ ਦੇ ਨਾਲ-ਨਾਲ ਕਾਲਜ ਦੇ ਵਿਦਿਆਰਥੀਆਂ ਨੇ ਖੇਡਾਂ ਵਿੱਚ ਵੱਡੀਆਂ ਪ੍ਰਾਪਤੀਆਂ ਹਾਸਿਲ ਕਰਕੇ ਹਰ ਪੱਧਰ ਵਿੱਚ ਨਾਮਣਾ ਖੱਟਿਆ ਹੈ। ਇਸ ਮੌਕੇ ਮੁੱਖ ਮਹਿਮਾਨ ਸ.ਲਖਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਸਭ ਤੋਂ ਮਹੱਤਵਪੂਰਨ ਲੋੜ ਅਨੁਸ਼ਾਸਨ ਨੂੰ ਬਣਾਈ ਰੱਖਣ ਦੀ ਹੁੰਦੀ ਹੈ। ਇਹ ਗੁਣ ਹੀ ਉਨ੍ਹਾਂ ਨੂੰ ਵੱਡੀਆਂ ਮੰਜ਼ਿਲਾਂ ਅਤੇ ਬੁਲੰਦੀਆਂ ਤਕ ਪਹੁੰਚਾਉਂਦਾ ਹੈ। ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵਿਸ਼ੇਸ਼ ਰੁਚੀ ਲੈਣ ਦਾ ਵੀ ਸੰਦੇਸ਼ ਦਿੱਤਾ। ਇਸ ਖੇਡ ਮੇਲੇ ਵਿੱਚ ਵਿਦਿਆਰਥੀਆਂ ਨੇ 100 ਮੀਟਰ 200 ਮੀਟਰ ਦੌੜਾਂ, ਸ਼ਾਟ ਪੁੱਟ, ਗੋਲਾ ਸੁੱਟ, ਰੱਸਾ ਕਸ਼ੀ, ਲੰਮੀ ਛਾਲ, ਤਿੰਨ ਲੱਤ ਦੌੜ, ਰਿਲੇਅ ਦੌੜ, ਮਿਊਜ਼ਿਕਲ ਚੇਅਰ ਆਦਿ ਖੇਡਾਂ ਵਿੱਚ ਹਿੱਸਾ ਲਿਆ। 100 ਮੀਟਰ ਦੌੜ ਵਿੱਚੋਂ ਪਹਿਲਾ ਸਥਾਨ ਅਕਾਸ਼ਦੀਪ ਸਿੰਘ, ਦੂਜਾ ਸਥਾਨ ਵਿਸ਼ਵਦੀਪ ਸਿੰਘ ਅਤੇ ਤੀਸਰਾ ਸਥਾਨ ਸਾਹਿਲਪ੍ਰੀਤ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। 200 ਮੀਟਰ ਦੌੜ ਵਿੱਚੋਂ ਅਕਾਸ਼ਦੀਪ ਸਿੰਘ ਨੇ ਪਹਿਲਾ ਸਥਾਨ, ਜਸਕਰਨ ਸਿੰਘ ਨੇ ਦੂਜਾ ਸਥਾਨ ਅਤੇ ਕਰਨਪਾਲ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ "ਲੰਮੀ ਛਾਲ" ਅਕਾਸ਼ਦੀਪ ਸਿੰਘ ਨੇ ਪਹਿਲਾ ਸਥਾਨ, ਸੁਖਪ੍ਰੀਤ ਸਿੰਘ ਨੇ ਦੂਜਾ ਸਥਾਨ ਅਤੇ ਸਾਹਿਲਪ੍ਰੀਤ ਸਿੰਘ ਨੇ ਤੀਜਾ ਦਰਜਾ ਪ੍ਰਾਪਤ ਕੀਤਾ। ਇਸ ਦੇ ਨਾਲ-ਨਾਲ "ਸ਼ਾਟ ਪੁੱਟ" ਦੇ ਮੁਕਾਬਲਿਆਂ ਵਿੱਚੋਂ ਖੁਸ਼ਦੀਪ ਸਿੰਘ ਨੇ ਪਹਿਲਾ ਸਥਾਨ, ਵਿਸ਼ਵਦੀਪ ਸਿੰਘ ਨੇ ਦੂਜਾ ਸਥਾਨ ਅਤੇ ਕਰਨਬੀਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। "ਲੰਮੀ ਛਾਲ" ਦੇ ਮੁਕਾਬਲਿਆਂ ਵਿੱਚੋਂ ਸੁਖਮਨਪ੍ਰੀਤ ਕੌਰ ਨੇ ਪਹਿਲਾ ਸਥਾਨ, ਰੋਮਨਪ੍ਰੀਤ ਕੌਰ ਨੇ ਦੂਜਾ ਸਥਾਨ ਅਤੇ ਮਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਨਿਰੰਤਰਤਾ ਵਿੱਚ 100 ਅਤੇ 200 ਮੀਟਰ ਦੌੜ ਲੜਕੀਆਂ ਵਿੱਚੋਂ ਸੁਖਮਨਪ੍ਰੀਤ ਕੌਰ ਨੇ ਪਹਿਲਾ ਸਥਾਨ, ਮਨਪ੍ਰੀਤ ਕੌਰ ਨੇ ਦੂਜਾ ਸਥਾਨ ਅਤੇ ਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ "ਤਿੰਨ ਲੱਤ ਦੌੜ" ਵਿੱਚੋਂ ਗੁਰਨੀਤ ਕੌਰ, ਕ੍ਰੀਤਿਕਾ ਨੇ ਪਹਿਲਾ ਸਥਾਨ ਰਮਨਪ੍ਰੀਤ ਕੌਰ, ਪਲਕਪ੍ਰੀਤ ਕੌਰ ਨੇ ਦੂਜਾ ਸਥਾਨ ਅਤੇ ਰੋਬਲਦੀਪ ਕੌਰ, ਕੋਮਲਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। "ਸ਼ਾਟ ਪੁੱਟ" (ਲੜਕੀਆਂ) ਦੇ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਰਮਨਪ੍ਰੀਤ ਕੌਰ, ਦੂਜਾ ਸਥਾਨ ਪਲਕਪ੍ਰੀਤ ਕੌਰ ਅਤੇ ਤੀਜਾ ਸਥਾਨ ਮਨਦੀਪ ਕੌਰ ਨੇ ਹਾਸਿਲ ਕੀਤਾ। ਇਨ੍ਹਾਂ ਖੇਡਾਂ 'ਚ ਅਕਾਸ਼ਦੀਪ ਸਿੰਘ ਬੀ.ਏ ਸਮੈਸਟਰ ਦੂਜਾ ਅਤੇ ਸੁਖਮਨਪ੍ਰੀਤ ਕੌਰ ਬੀ.ਏ ਸਮੈਸਟਰ ਚੌਥਾ ਨੂੰ ਬੈਸਟ ਐਥਲੀਟ ਦੇ ਤੌਰ 'ਤੇ ਸਨਮਾਨਿਤ ਕੀਤਾ ਗਿਆ। ਖੇਡ ਕਾਰਜ ਦਾ ਸਮੁੱਚਾ ਪ੍ਰਬੰਧ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਸਰਤਾਜ ਸਿੰਘ ਛੀਨਾ, ਪ੍ਰੋ.ਵੀਰੋ,ਕੋਚ ਸ.ਲਖਵੰਤ ਸਿੰਘ, ਪ੍ਰੋ.ਰਮਨੀਕ ਸਿੰਘ ਸ.ਮਨਪ੍ਰੀਤ ਸਿੰਘ, ਪ੍ਰੋ.ਜਸਪਾਲ ਸਿੰਘ ਪ੍ਰੋ.ਹਰਦੀਪ ਸਿੰਘ, ਪ੍ਰੋ.ਹਰਦੇਵ ਸਿੰਘ ਪ੍ਰੋ.ਮਨਪ੍ਰੀਤ ਕੌਰ ਅਤੇ ਪ੍ਰੋ.ਲਵਪ੍ਰੀਤ ਸਿੰਘ ਦੁਆਰਾ ਕੀਤਾ ਗਿਆ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਅਧਿਆਪਕ ਸਾਹਿਬਾਨ ਦੀ ਮਿਊਜ਼ਿਕਲ ਚੇਅਰ ਦਾ ਮੁਕਾਬਲਾ ਵੀ ਕਰਵਾਇਆ ਗਿਆ ਕਰਵਾਇਆ ਗਿਆ ਜਿਸ ਵਿੱਚੋਂ ਪ੍ਰੋ.ਕਰਨਬੀਰ ਕੌਰ ਸਾਇੰਸ ਵਿਭਾਗ ਜੇਤੂ ਰਹੇ। ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਡਾ.ਰਮਨਦੀਪ ਕੌਰ ਅਤੇ ਪ੍ਰੋ.ਮੇਜਰ ਸਿੰਘ ਦੁਆਰਾ ਨਿਭਾਈ ਗਈ। ਇਸ ਮੌਕੇ ਬਾਬਾ ਗੁਰਪ੍ਰੀਤ ਸਿੰਘ ਜੀ (ਵਾਇਸ ਪ੍ਰੈਜ਼ੀਡੈਂਟ) ਸ.ਹਰਨੰਦਨ ਸਿੰਘ (ਕਾਲਜ ਜਨਰਲ ਸਕੱਤਰ) ਸ.ਅਵਤਾਰ ਸਿੰਘ ਬਾਜਵਾ (ਸਕੱਤਰ), ਭਾਈ ਵਰਿਆਮ ਸਿੰਘ (ਸਕੱਤਰ) ਸ.ਬਲਦੇਵ ਸਿੰਘ ਸੰਧੂ ਸ.ਜਸਬੀਰ ਸਿੰਘ ਮਹਿਤੀਆ, ਸ.ਅਮਰਜੀਤ ਸਿੰਘ (ਰਿਟਾਇਰਡ ਡੀ. ਐੱਸ. ਪੀ ਸ.ਰਵਿੰਦਰ ਸਿੰਘ (ਸਹਾਇਕ ਡਾਇਰੈਕਟਰ ਜ਼ਿਲਾ ਯੁਵਕ ਕੇਂਦਰ ਤਰਨ ਤਾਰਨ ਪ੍ਰਿੰਸੀਪਲ ਡਾ.ਸਿਮਰਪ੍ਰੀਤ ਕੌਰ, ਪ੍ਰਿੰਸੀਪਲ ਮਮਤਾ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ ਸੱਤ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ





ਖਡੂਰ ਸਾਹਿਬ,4 ਅਪ੍ਰੈਲ(ਹਰਪਾਲ ਸਿੰਘ ਕੰਗ,ਗੁਲਸ਼ੇਰ ਸਿੰਘ ਸੰਧੂ)-ਬਾਬਾ ਉੱਤਮ ਸਿੰਘ ਜੀ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਜੀ ਸਰਪ੍ਰਸਤੀ ਹੇਠ ਚੱਲ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ ਪੋਸਟ ਗ੍ਰੈਜੂਏਟ ਕੰਪਿਊਟਰ ਵਿਭਾਗ ਵੱਲੋਂ 'ਸੱਤ ਰੋਜ਼ਾ ਵਰਕਸ਼ਾਪ' ਦਾ ਆਯੋਜਨ ਕੀਤਾ ਗਿਆ। ਜਿਸ ਦਾ ਮੁੱਖ ਮੰਤਵ ਪ੍ਰੋਫੈਸਰ ਸਾਹਿਬਾਨ ਨੂੰ ਕੰਪਿਊਟਰ ਨਾਲ ਸਬੰਧਿਤ ਮੁੱਢਲੀ ਜਾਣਕਾਰੀ ਨੂੰ ਮੁਹੱਈਆ ਕਰਵਾਉਣਾ ਸੀ। ਇਨ੍ਹਾਂ ਸੱਤ ਦਿਨਾਂ ਦੇ ਦਰਮਿਆਨ ਪ੍ਰੋਫੈਸਰ ਸਾਹਿਬਾਨ ਨੇ 'ਮਾਇਕ੍ਰੋਸਾਫਟ ਵਰਡ', 'ਐਕਸਲ' ਅਤੇ 'ਪਾਵਰ ਪੌਇੰਟ' ਦੇ ਅੰਦਰੂਨੀ ਪੱਖਾਂ ਦੇ ਬਾਰੇ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਾਪਤ ਕੀਤਾ। ਇਸ ਵਰਕਸ਼ਾਪ ਦੇ ਅੰਤਲੇ ਦਿਨ ਪੋਸਟ ਗ੍ਰੈਜੂਏਟ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ.ਰੋਹਿਤ ਸ਼ਰਮਾ ਨੇ ਅਧਿਆਪਕ ਸਾਹਿਬਾਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵੀਕਰਨ ਦੇ ਦੌਰ ਅੰਦਰ ਕੰਪਿਊਟਰ ਦੀ ਕ੍ਰਾਂਤੀ ਨੇ ਸਮੁੱਚੇ ਵਿਸ਼ਵ ਅੰਦਰ ਨਵੇਂ ਕੀਰਤੀਮਾਨਾਂ ਨੂੰ ਸਥਾਪਿਤ ਕਰਕੇ ਮਨੁੱਖ ਦੇ ਹਰੇਕ ਕਾਰਜ ਨੂੰ ਸੁਖਾਲਾ ਕਰ ਦਿੱਤਾ ਹੈ। ਇਸ ਲਈ ਸਾਨੂੰ ਸਮੇਂ ਦੇ ਹਾਣੀ ਹੋਣ ਲਈ ਕੰਪਿਊਟਰ ਦੀ ਜਾਣਕਾਰੀ ਅਤੇ ਇਸ ਦੀਆਂ ਸਮੁੱਚੀਆਂ ਪ੍ਰਕਿਰਿਆਵਾਂ ਨੂੰ ਸਿੱਖਣਾ ਲਾਜ਼ਮੀ ਬਣ ਜਾਂਦਾ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਬਲਵੰਤ ਸਿੰਘ ਨੇ ਇਸ ਸ਼ਲਾਘਾਯੋਗ ਕਾਰਜ ਲਈ ਕੰਪਿਊਟਰ ਵਿਭਾਗ ਦੇ ਸਮੂਹ ਪ੍ਰੋਫੈਸਰ ਸਾਹਿਬਾਨ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕਾਰਜ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇੱਥੇ ਇਹ ਵੀ ਵਿਸ਼ੇਸ਼ ਜਿਕਰਯੋਗ ਹੈ ਕਿ ਵੱਖ-ਵੱਖ ਵਿਭਾਗਾਂ ਤੋਂ ਇਸ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਪ੍ਰੋਫੈਸਰ ਸਾਹਿਬਾਨ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ ਅਤੇ ਅਰਥਸ਼ਾਸਤਰ ਵਿਭਾਗ ਦੇ ਪ੍ਰੋ. ਮਨਦੀਪ ਕੌਰ ਦਾ ਚੰਗੀ ਕਾਰਗੁਜਾਰੀ ਲਈ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰੋ.ਸੁਖਜਿੰਦਰ ਸਿੰਘ ਚੀਮਾ,ਡਾ.ਕੰਵਲਜੀਤ ਸਿੰਘ, ਡਾ.ਜਤਿੰਦਰ ਸਿੰਘ, ਪ੍ਰੋ.ਜਸਪਾਲ ਸਿੰਘ, ਡਾ.ਰਮਨਦੀਪ ਕੌਰ, ਪ੍ਰੋ.ਜਗਜੀਤ ਕੌਰ, ਪ੍ਰੋ.ਮੇਜਰ ਸਿੰਘ, ਪ੍ਰੋ.ਹਰਦੀਪ ਸਿੰਘ, ਡਾ.ਜਤਿੰਦਰ ਕੌਰ, ਡਾ.ਸੁਖਬੀਰ ਕੌਰ, ਪ੍ਰੋ.ਮਨਪ੍ਰੀਤ ਕੌਰ, ਪ੍ਰੋ. ਹਰਦੇਵ ਸਿੰਘ, ਪ੍ਰੋ.ਰਵਨੀਤ ਕੌਰ, ਪ੍ਰੋ.ਰੂਬਪਾਲ ਕੌਰ, ਪ੍ਰੋ. ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਸੱਚ ਦੀ ਪਟਾਰੀ
www.sachdipattari.com
SACH DI PATTARI
DAILY NEWS PAPPER

# ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਪੋਸਟ ਗਰੈਜੂਏਟ ਕੰਪਿਊਟਰ ਵਿਭਾਗ ਵੱਲੋਂ ਸੱਤ ਰੋਜਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ

**ਖਡੂਰ ਸਾਹਿਬ 4 ਅਪ੍ਰੈਲ**
**(ਜੀ ਖਾਲਸਾ, ਗਿੱਲ)**




ਬਾਬਾ ਉੱਤਮ ਸਿੰਘ ਜੀ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਜੀ ਸਰਪ੍ਰਸਤੀ ਹੇਠ ਚੱਲ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ ਪੋਸਟ ਗ੍ਰੈਜੂਏਟ ਕੰਪਿਊਟਰ ਵਿਭਾਗ ਵੱਲੋਂ ਸੱਤ ਰੋਜਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਜਿਸ ਦਾ ਮੁੱਖ ਮੰਤਵ ਪ੍ਰੋਫੈਸਰ ਸਾਹਿਬਾਨ ਨੂੰ ਕੰਪਿਊਟਰ ਨਾਲ ਸਬੰਧਿਤ ਮੁੱਢਲੀ ਜਾਣਕਾਰੀ ਨੂੰ ਮੁਹੱਈਆ ਕਰਵਾਉਣਾ ਸੀ।ਇਨ੍ਹਾਂ ਸੱਤ ਦਿਨਾਂ ਦੇ ਦਰਮਿਆਨ ਪ੍ਰੋਫੈਸਰ ਸਾਹਿਬਾਨ ਨੇ ਮਾਇਕ੍ਰੋਸਾਫਟ ਵਰਡ, ਐਕਸਲ ਅਤੇ ਪਾਵਰ ਪੋਇੰਟ ਦੇ ਅੰਦਰੂਨੀ ਪੱਖਾਂ ਦੇ ਬਾਰੇ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਾਪਤ ਕੀਤਾ। ਇਸ ਵਰਕਸ਼ਾਪ ਦੇ ਅੰਤਲੇ ਦਿਨ ਪੋਸਟ ਗ੍ਰੈਜੂਏਟ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ.ਰੋਹਿਤ ਸ਼ਰਮਾ ਨੇ ਅਧਿਆਪਕ ਸਾਹਿਬਾਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵੀਕਰਨ ਦੇ ਦੌਰ ਅੰਦਰ ਕੰਪਿਊਟਰ ਦੀ ਕ੍ਰਾਂਤੀ ਨੇ ਸਮੁੱਚੇ ਵਿਸ਼ਵ ਅੰਦਰ ਨਵੇਂ ਕੀਰਤੀਮਾਨਾਂ ਨੂੰ ਸਥਾਪਿਤ ਕਰਕੇ ਮਨੁੱਖ ਦੇ ਹਰੇਕ ਕਾਰਜ ਨੂੰ ਸੁਖਾਲਾ ਕਰ ਦਿੱਤਾ ਹੈ। ਇਸ ਲਈ ਸਾਨੂੰ ਸਮੇਂ ਦੇ ਹਾਣੀ ਹੋਣ ਲਈ ਕੰਪਿਊਟਰ ਦੀ ਜਾਣਕਾਰੀ ਅਤੇ ਇਸ ਦੀਆਂ ਸਮੁੱਚੀਆਂ ਪ੍ਰਕਿਰਿਆਵਾਂ ਨੂੰ ਸਿੱਖਣਾ ਲਾਜਮੀ ਬਣ ਜਾਂਦਾ ਹੈ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਬਲਵੰਤ ਸਿੰਘ ਨੇ ਇਸ ਸ਼ਲਾਘਾਯੋਗ ਕਾਰਜ ਲਈ ਕੰਪਿਊਟਰ ਵਿਭਾਗ ਦੇ ਸਮੂਹ ਪ੍ਰੋਫੈਸਰ ਸਾਹਿਬਾਨ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕਾਰਜ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।ਇੱਥੇ ਇਹ ਵੀ ਵਿਸ਼ੇਸ਼ ਜਿਕਰਯੋਗ ਹੈ ਕਿ ਵੱਖ-ਵੱਖ ਵਿਭਾਗਾਂ ਤੋਂ ਇਸ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਪ੍ਰੋਫੈਸਰ ਸਾਹਿਬਾਨ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ ਅਤੇ ਅਰਥਸ਼ਾਸਤਰ ਵਿਭਾਗ ਦੇ ਪ੍ਰੋ. ਮਨਦੀਪ ਕੌਰ ਦਾ ਚੰਗੀ ਕਾਰਗੁਜਾਰੀ ਲਈ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰੋ.ਸੁਖਜਿੰਦਰ ਸਿੰਘ ਚੀਮਾ,ਡਾ.ਕੰਵਲਜੀਤ ਸਿੰਘ, ਡਾ.ਜਤਿੰਦਰ ਸਿੰਘ, ਪ੍ਰੋ.ਜਸਪਾਲ ਸਿੰਘ, ਡਾ.ਰਮਨਦੀਪ ਕੌਰ, ਪ੍ਰੋ.ਜਗਜੀਤ ਕੌਰ, ਪ੍ਰੋ.ਮੇਜਰ ਸਿੰਘ, ਪ੍ਰੋ.ਹਰਦੀਪ ਸਿੰਘ, ਡਾ.ਜਤਿੰਦਰ ਕੌਰ, ਡਾ.ਸੁਖਬੀਰ ਕੌਰ, ਪ੍ਰੋ.ਮਨਪ੍ਰੀਤ ਕੌਰ, ਪ੍ਰੋ. ਹਰਦੇਵ ਸਿੰਘ, ਪ੍ਰੋ.ਰਵਨੀਤ ਕੌਰ, ਪ੍ਰੋ.ਰੂਬਪਾਲ ਕੌਰ, ਪ੍ਰੋ. ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।.


GPS Map Camera
Tarn Taran,PB,India
Khadur Sahib, Tarn Taran, 143117, PB, India
Lat 31.432237, Long 75.108492
03/11/2024 03:12 PM GMT+05:30
Note : Captured by GPS Map Camera